ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ
ਰਜਿ:ਦਫਤਰ:ਦੀ ਮਾਲ ਪਟਿਆਲਾ-147001
ਟੈਲੀਫੋਨ ਨੰ:0175-2213042 ਈਮੇਲ:sepersonnelpspcl@gmail.com; se-personnel@pspcl.in
ਦਫਤਰ:ਉਪ ਮੁੱਖ ਇੰਜੀਨੀਅਰ/ਪ੍ਰਸੋਨਲ,ਪੀ.ਐਸ.ਪੀ.ਸੀ.ਐਲ.ਪਟਿਆਲਾ ਕਾਰਪੋਰੇਟ
ਆਈ.ਡੀਨੰ:U40109PB2010SGC033813ਵੈਬ ਸਾਈਟ:wwwpspcl.in
(ਜਨਰਲ ਭਾਗ-1)

ਵੱਲ

1. ਡੀ.ਜੀ.ਪੀ/ਵੀ ਤੇ ਐਸ, ਪੀ.ਐਸ.ਪੀ.ਸੀ.ਐਲ.ਪਟਿਆਲਾ।
2. ਸਾਰੇ ਜਨਰਲ ਮੈਨੇਜਰ/ਇੰਜ:ਇੰਨ:ਚੀਫ/ਮੁੱਖ:ਇੰਜੀ:,ਪੀ.ਐਸ.ਪੀ.ਸੀ.ਐਲ.।
3. ਸਾਰੇ ਉਪ ਮੁੱਖ ਇੰਜ:/ਨਿਗ:ਇੰਜ:,ਪੀ.ਐਸ.ਪੀ.ਸੀ.ਐਲ।
4. ਸਾਰੇ ਵਧੀਕ ਨਿਗ:ਇੰਜ:/ਸੀਨੀ.ਕਾ.ਕਾ.ਇੰਜ:, ਪੀ.ਐਸ.ਪੀ.ਸੀ.ਐਲ.।
5. ਮੁੱਖ ਵਿੱਤੀ ਅਫ਼ਸਰ,ਮੁੱਖ ਲੇਖਾ ਅਫਸ਼ਰ,ਮੁੱਖ ਆਡੀਟਰ,ਮੁੱਖ ਲੇਖਾ ਅਫ਼ਸਰ (ਮਾਲ),ਵਿੱਤ ਸਲਾਹਕਾਰ,ਕਾਸਟ ਕੰਟਰੋਲਰ ਪੀ.ਐਸ.ਪੀ.ਸੀ .ਐਲ.ਪਟਿਆਲਾ।
6. ਲੀਗਲ ਐਡਵਾਈਜ਼ਰ,ਪੀ.ਐਸ.ਪੀ.ਸੀ.ਐਲ,ਪਟਿਆਲਾ।
7. ਸਾਰੇ ਉਪ ਸਕੱਤਰ/ਅਧੀਨ ਸਕੱਤਰ,ਹੈਡ ਆਫ਼ਿਸ, ਪੀ.ਐਸ.ਪੀ.ਸੀ.ਐਲ.ਪਟਿਆਲਾ।

ਮੀਮੋ ਨੰ:-8744/9344 / ਜੀਬੀ/ਏ/519/ਵਾਂ-3

ਮਿਤੀ:-7-3-2023

ਵਿਸ਼ਾ:- ਪੰਜਾਬ ਰਾਜ ਵਿੱਚ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ਵਿਭਾਗਾਂ/ਅਦਾਰਿਆ/ਸੰਸਥਾਵਾਂ/ਵਿਦਿਅਕ ਅਦਾਰਿਆ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆ ਆਦਿ ਦੇ ਨਾਮ ਅਤੇ ਸੜਕਾ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ ਵਿੱਚ ਲਿਖੇ ਜਾਣ ਸਬੰਧੀ।

ਹਵਾਲਾ:- ਅਧੀਨ ਸਕੱਤਰ,ਪੰਜਾਬ ਸਰਕਾਰ,ਓਚੇਰੀ ਸਿਖਿਆ ਤੇ ਭਾਸ਼ਾ ਵਿਭਾਗ ਚੰਡੀਗੜ੍ਹ ਦਾ ਪੱਤਰ ਨੰ:6/41/2019-2 ਸਿੱ:ਸੈਲ:/14 ਮਿਤੀ 31.01.2023 ਅਤੇ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ, ਚੰਡੀਗੜ੍ਹ ਦਾ ਪੱਤਰ:ਨੰ:6/41/19-2 ਸਿੱ ਸੈਲ/857 ਮਿਤੀ 05.12.2022

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ, ਅਧੀਨ ਸਕੱਤਰ ਪੰਜਾਬ ਸਰਕਾਰ ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ ਚੰਡੀਗੜ੍ਹ ਦੇ ਦਫ਼ਤਰ ਦਾ ਪੱਤਰ ਨੰ:6/41/2019-2 ਸਿੱ:ਸੈਲ:/14 ਮਿਤੀ 31.01.2023 ਅਤੇ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿਖਿਆ ਤੇ ਭਾਸ਼ਾ ਵਿਭਾਗ, ਚੰਡੀਗੜ੍ਹ ਦਾ ਪ੍ਰਾਪਤ ਹੋਇਆ ਪੱਤਰ:6/41/19-2 ਸਿੱ ਸੈਲ/857 ਮਿਤੀ 05.12.2022, ਆਪ ਜੀ ਦੇ ਦਫ਼ਤਰ ਨੂੰ ਭੇਜਦੇ ਹੋਏ ਲਿਖਿਆ ਜਾਂਦਾ ਹੈ ਕਿ ਪੱਤਰ ਵਿੱਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ ਜੀ।ਉਪਰੋਕਤ ਪੱਤਰਾਂ ਦੀ ਕਾਪੀ ਪੀ.ਐਸ.ਪੀ.ਸੀ.ਐਲ. ਦੀ ਵੈਬਸਾਈਟ ਤੋ ਡਾਊਨਲੋਡ ਕਰ ਲਈ ਜਾਵੇ ਜੀ।

ਇਹ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਨਾਲ ਜਾਰੀ ਕੀਤਾ ਜਾਂਦਾ ਹੈ।

ਨੱਥੀ/ਉਪਰੋਕਤ ਅਨੁਸਾਰ

07/3/23
ਸੁਪਰਡੈਂਟ/ਜਨਰਲ-1
ਪੀ.ਐਸ.ਪੀ.ਸੀ.ਐਲ.ਪਟਿਆਲਾ

ਪਿੱਠ ਅੰਕਣ ਨੰ:9345/9352 / ਜੀਬੀ/ਏ/519/ਵਾਂ-3 ਮਿਤੀ: 7-3-2023

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ।

1. ਸੀਨੀ ਪੀ.ਐਸ.-ਟੂ-ਸੀ.ਐਮ.ਡੀ,ਪੀ.ਐਸ.ਪੀ.ਸੀ.ਐਲ.ਪਟਿਆਲਾ।
2. ਸਾਰੇ ਸੀਨੀ.ਪੀ.ਐਸ.-ਟੂ-ਡਾਇਰੈਕਟਰਜ,ਪੀ.ਐਸ.ਪੀ.ਸੀ.ਐਲ.ਪਟਿਆਲਾ।
3. ਪੀ.ਏ.-ਟੂ-ਉਪ ਮੁੱਖ ਇੰਜ:/ਪ੍ਰਸੋਨਲ:ਪੀ.ਐਸ.ਪੀ.ਸੀ.ਐਲ.ਪਟਿਆਲਾ।

ਸੁਪਰਡੈਂਟ/ਜਨਰਲ -1
ਪੀ.ਐਸ.ਪੀ.ਸੀ.ਐਲ.ਪਟਿਆਲਾ

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈਲ)

ਵਿਸ਼ਾ: ਪੰਜਾਬ ਰਾਜ ਵਿੱਚ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣ ਸਬੰਧੀ।

****

ਸਮੂਹ ਵਿਸ਼ੇਸ਼ ਮੁੱਖ ਸਕੱਤਰ,ਵਧੀਕ ਮੁੱਖ ਸਕੱਤਰ,ਵਿੱਤੀ ਕਮਿਸ਼ਨਰ, ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ ਕਿਰਪਾ ਕਰਕੇ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਦੇ ਪੱਤਰ ਨੰ; 6/41/19-2ਸਿ.ਸੈਲ/857, ਮਿਤੀ 5.12.2022 (ਕਾਪੀ ਨੱਥੀ) ਰਾਹੀਂ ਜਾਰੀ ਕੀਤੇ ਗਏ ਹੁਕਮਾਂ ਵੱਲ ਧਿਆਨ ਦੇਣ ਦੀ ਖੇਚਲ ਕਰਨਾ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਹਵਾਲਾ ਅਧੀਨ ਪੱਤਰ ਦੀ ਲਗਾਤਾਰਤਾ ਵਿਚ ਲਿਖਿਆ ਜਾਂਦਾ ਹੈ ਕਿ ਮੁੱਖ ਮੰਤਰੀ ਜੀ ਨੇ ਚਾਹਿਆ ਹੈ ਕਿ ਕੋਮਾਂਤਰੀ ਮਾਂ ਬੋਲੀ ਦਿਹਾੜਾ 21 ਫਰਵਰੀ 2023 ਤੋਂ ਪਹਿਲਾਂ ਪਹਿਲਾਂ ਸਾਰੀਆਂ ਸਰਕਾਰੀ, ਪ੍ਰਾਈਵੇਟ ਅਤੇ ਪਬਲਿਕ ਇਮਾਰਤਾਂ ਵਿਚ ਪੰਜਾਬੀ ਵਿਚ ਸਾਈਨਬੋਰਡ ਲਗਾਉਣ ਸਬੰਧੀ ਇਕ ਮੁਹਿਮ ਚਲਾਈ ਜਾਵੇ।

3. ਇਸ ਲਈ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਪ੍ਰਬੰਧਕੀ ਕੰਟਰੋਲ ਅਧੀਨ ਆਉਂਦੇ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਇਮਾਰਤਾਂ/ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਸਾਈਨਬੋਰਡ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ, ਪੰਜਾਬੀ ਭਾਸ਼ਾ ਵਿਚ ਲਿਖੇ ਜਾਣਾ ਯਕੀਨੀ ਬਣਾਇਆ ਜਾਵੇ।

4. ਆਪਣੀ ਪਾਲਣਾ/ਐਕਸ਼ਨ ਟੇਕਨ ਰਿਪੋਰਟ 15 ਦਿਨਾਂ ਦੇ ਅੰਦਰ ਇਸ ਵਿਭਾਗ ਦੀ ਈਮੇਲ ਆਈ.ਡੀ. education.cell9@punjab.gov.in ਤੇ ਭੇਜਣ ਦੀ ਖੇਚਲ ਕੀਤੀ ਜਾਵੇ ਕਿ ਤਾਂ ਜੋ ਸੰਕਲਿਤ ਰਿਪੋਰਟ ਮੁੱਖ ਮੰਤਰੀ ਪੰਜਾਬ ਜੀ ਨੂੰ ਭੇਜੀ ਜਾ ਸਕੇ।

ਅਧੀਨ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।

ਅੰ.ਵਿ.ਪੱ.ਨੰ. 6/41/2019-2 ਸਿੱ.ਸੈਲ/ 15 ਮਿਤੀ,ਚੰਡੀਗੜ੍ਹ 31-1-2023

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਵਿਭਾਗ ਦੀ ਪਾਲਣਾ/ਐਕਸ਼ਨ ਟੇਕਨ ਰਿਪੋਰਟ ਆਪਣੇ ਪ੍ਰਬੰਧਕੀ ਵਿਭਾਗ ਨੂੰ ਭੇਜਣ ਦੀ ਖੇਚਲ ਕੀਤੀ ਜਾਵੇ:-

1) ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।
2) ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
3) ਸਮੂਹ ਡਵੀਜਨਾਂ ਦੇ ਕਮਿਸ਼ਨਰ।
4) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।
5) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ।
6) ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ ਅਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ।
7) ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਚੇਅਰਮੈਨ।
8) ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ।
9) ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਆਮ ਜਨਤਾ ਨੂੰ ਜਾਣੂ ਕਰਵਾਉਣ ਲਈ ਆਪਣੇ ਪੱਧਰ ਤੇ ਮੁਹਿਮ ਚਲਾਈ ਜਾਵੇ।

ਅਧੀਨ ਸਕੱਤਰ, ਪੰਜਾਬ ਸਰਕਾਰ
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਪੰਜਾਬ ਸਰਕਾਰ

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

(ਸਿੱਖਿਆ ਸੈੱਲ)

**ਹੁਕਮ**

ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਦੇ ਪੱਤਰ ਨੰ: 6/41/19-2ਸਿੱ.ਸੈਲ/413-423, ਮਿਤੀ 19-2-2020, ਮਿਤੀ 29.11.2021 ਅਤੇ ਮਿਤੀ 4.7.2022 ਰਾਹੀਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਨੂੰ ਮੁੜ ਦੁਹਰਾਉਂਦੇ ਹੋਏ ਲਿਖਿਆ ਜਾਂਦਾ ਹੈ ਕਿ ਸਮੁੱਚੇ ਪੰਜਾਬ ਰਾਜ ਵਿੱਚ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਨੂੰ ਵਧੇਰੇ ਮਹੱਤਤਾ ਦੇਣ ਲਈ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ/ ਵਿਭਾਗਾਂ/ ਅਦਾਰਿਆਂ/ ਸੰਸਥਾਵਾਂ/ ਵਿਦਿਅਕ ਅਦਾਰਿਆਂ/ਬੋਰਡਾਂ/ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ/ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਅਤੇ ਵਪਾਰਿਕ ਅਦਾਰਿਆਂ ਆਦਿ ਦੇ ਨਾਮ ਅਤੇ ਸੜਕਾਂ ਦੇ ਨਾਮ/ਨਾਮ ਪੱਟੀਆਂ/ਮੀਲ ਪੱਥਰ/ਸਾਈਨ ਬੋਰਡ ਲਿਖਣ ਸਮੇਂ ਸਭ ਤੋਂ ਪਹਿਲਾਂ ਉਪਰਲੇ ਪਾਸੇ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿਚ ਲਿਖੇ ਜਾਣ ਅਤੇ ਜੇਕਰ ਕਿਸੇ ਹੋਰ ਭਾਸ਼ਾ ਵਿਚ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਤੋਂ ਹੇਠਾਂ ਦੂਸਰੀ ਭਾਸ਼ਾ ਵਿਚ ਲਿਖਿਆ ਜਾਵੇ। ਇਸ ਸਬੰਧੀ ਨਮੂਨੇ ਦੀ ਕਾਪੀ ਨਾਲ ਨੱਥੀ ਕੀਤੀ ਜਾਂਦੀ ਹੈ।

2. ਮੁੜ ਅਪੀਲ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਮਿਤੀ 21 ਫਰਵਰੀ 2023 ਤੋਂ ਪਹਿਲਾਂ ਪਹਿਲਾਂ ਸਮੂਹ ਨਾਮ ਪੱਟੀਆਂ/ਸਾਈਨਬੋਰਡ ਪੰਜਾਬੀ ਭਾਸ਼ਾ ਵਿਚ ਲਿਖੇ ਜਾਣੇ ਯਕੀਨੀ ਬਣਾਏ ਜਾਣ ਅਤੇ ਰਿਪੋਰਟ ਇਸ ਵਿਭਾਗ ਨੂੰ ਭੇਜੀ ਜਾਵੇ। ਇਨ੍ਹਾ ਹੁਕਮਾਂ ਦੀ ਪਾਲਣਾ ਨਾ ਕਰਨ ਦੀ ਸੂਰਤ ਵਿਚ ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ 2008 ਅਤੇ 2021 ਵਿਚ ਦਰਜ ਉਪਬੰਧਾਂ ਅਨੁਸਾਰ ਜੁਰਮਾਨਾ ਲਗਾਉਣ ਸੰਬੰਧੀ ਕਾਰਵਾਈ ਕੀਤੀ ਜਾਵੇਗੀ।

ਮਿਤੀ,ਚੰਡੀਗੜ੍ਹ:
05.12.2022

ਜਸਪ੍ਰੀਤ ਤਲਵਾੜ, ਆਈ.ਏ.ਐਸ.,
ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ

ਪਿ:ਅੰ;ਨੰ;6/41/19-2ਸਿੱ.ਸੈਲ/ 857 ਮਿਤੀ,ਚੰਡੀਗੜ੍ਹ: 5/12/2022

ਉਤਾਰਾ ਹੇਠ ਲਿਖਿਆਂ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਨ੍ਹਾਂ ਹੁਕਮਾਂ ਦੀ ਦੀ ਇੰਨ-ਬਿਨ ਪਾਲਣਾ ਕਰਨ ਹਿੱਤ ਯੋਗ ਕਦਮ ਚੁੱਕਣ ਦੀ ਕ੍ਰਿਪਾਲਤਾ ਕਰਨ:-

1) ਸਕੱਤਰ/ਮੁੱਖ ਸਕੱਤਰ ਪੰਜਾਬ।
2) ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ।
3) ਸਕੱਤਰ, ਪੰਜਾਬ ਵਿਧਾਨ ਸਭਾ ਸਕੱਤਰੇਤ।
4) ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ।
5) ਸਮੂਹ ਡਵੀਜ਼ਨਾਂ ਦੇ ਕਮਿਸ਼ਨਰ।
6) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ।
7) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਅਤੇ ਸੈਸ਼ਨ ਜੱਜ।
8) ਪੰਜਾਬ ਰਾਜ ਦੇ ਸਮੂਹ ਡਿਪਟੀ ਕਮਿਸ਼ਨਰ ਅਤੇ ਸਮੂਹ ਉਪ ਮੰਡਲ ਮੈਜਿਸਟ੍ਰੇਟ।
9) ਸਮੂਹ ਬੋਰਡਾਂ/ਕਾਰਪੋਰੇਸ਼ਨਾਂ ਦੇ ਚੇਅਰਮੈਨ।
10) ਸਮੂਹ ਨਗਰ ਨਿਗਮ ਅਤੇ ਨਗਰ ਪਾਲਿਕਾ ਦੇ ਕਮਿਸ਼ਨਰ ਅਤੇ ਕਾਰਜ ਸਾਧਕ ਅਫ਼ਸਰ।
11) ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ।

ਅਧੀਨ ਸਕੱਤਰ, ਪੰਜਾਬ ਸਰਕਾਰ
ਉਚੇ.. ਸਿੱਖਿਆ ਤੇ ਭਾਸ਼ਾ ਵਿਭਾਗ

ਅੰਦਰੂਨੀ ਵੰਡ:-

1) ਸਕੱਤਰ/ਉ.ਸਿੱ.ਮੰਤਰੀ
2) ਨਿਜੀ ਸਕੱਤਰ/ਪ੍ਰ.ਸ.ਉ.ਸਿੱ.
3) ਨਿਜੀ ਸਹਾਇਕ/ਵਿ.ਸ.ਉ.ਸਿੱ.
4) ਨਿ.ਸਹਾਇਕ/ਅ.ਸ.ਉ.ਸਿੱ.

118/1

# ਨਮੂਨਾ

ਕੇਵਲ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ ਵਿੱਚ)

ਹੋਰਨਾਂ ਭਾਸ਼ਾਵਾਂ ਵਿੱਚ